# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਸ਼ਟਰਪਤੀ ਪੁਤਿਨ ਨੂੰ ਉਨ੍ਹਾਂ ਦੇ ਮੁੜ ਚੁਣੇ ਜਾਣ 'ਤੇ ਵਧਾਈ ਦਿੱਤੀ

ਮਾਰਚ 20, 2024

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅੱਜ ਰੂਸੀ ਸੰਘ ਦੇ ਰਾਸ਼ਟਰਪਤੀ, ਮਹਾਮਹਿਮ ਸ਼੍ਰੀ ਵਲਾਦੀਮੀਰ ਪੁਤਿਨ ਨਾਲ, ਟੈਲੀਫੋਨ 'ਤੇ ਗੱਲਬਾਤ ਹੋਈ।

ਪ੍ਰਧਾਨ ਮੰਤਰੀ ਨੇ, ਉਨ੍ਹਾਂ ਨੂੰ ਉਨ੍ਹਾਂ ਦੇ ਰੂਸੀ ਸੰਘ ਦੇ ਰਾਸ਼ਟਰਪਤੀ ਵਜੋਂ ਮੁੜ ਚੁਣੇ ਜਾਣ 'ਤੇ ਵਧਾਈ ਦਿੱਤੀ ਅਤੇ ਰੂਸ ਦੇ ਦੋਸਤਾਨਾ ਲੋਕਾਂ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਵਾਸਤੇ ਆਪਣੀਆਂ ਸ਼ੁਭ-ਕਾਮਨਾਵਾਂ ਪਹੁੰਚਾਇਆ।

ਦੋਵੇਂ ਨੇਤਾ ਆਉਣ ਵਾਲੇ ਸਾਲਾਂ ਵਿੱਚ, ਦੋਵੇਂ ਮੁਲਕਾਂ ਦੇ ਦਰਮਿਆਨ ਖਾਸ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਹਿੱਸੇਦਾਰੀ ਨੂੰ ਹੋਰ ਜਿਆਦਾ ਮਜ਼ਬੂਤ ਕਰਨ ਵਾਸਤੇ ਠੋਸ ਕੋਸ਼ਿਸ਼ਾਂ ਕਰਨ ਲਈ ਸਹਿਮਤ ਹੋਏ।

ਦੋਵੇਂ ਨੇਤਾਵਾਂ ਨੇ ਦੁਵੱਲੇ ਸਹਿਯੋਗ ਦੇ ਵੱਖ-ਵੱਖ ਮੁੱਦਿਆਂ ਵਿੱਚ ਹੋਈ ਤਰੱਕੀ ਦੀ ਸਮੀਖਿਆ ਕੀਤੀ ਅਤੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਵਿਸ਼ਵ ਪੱਧਰੀ ਮੁੱਦਿਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

ਰੂਸ-ਯੂਕਰੇਨ ਸੰਘਰਸ਼ ਬਾਰੇ ਚਰਚਾ ਕਰਦਿਆਂ, ਪ੍ਰਧਾਨ ਮੰਤਰੀ ਨੇ ਭਾਰਤ ਦੀ ਸਥਿਰ ਨੀਤੀ ਨੂੰ ਦੋਹਰਾਇਆ, ਜਿਸ ਵਿੱਚ ਗੱਲਬਾਤ ਅਤੇ ਕੂਟਨੀਤੀ ਨੂੰ ਅਗਾਂਹ ਵਧਣ ਦਾ ਰਸਤਾ ਮੰਨਿਆ ਗਿਆ ਹੈ।

ਦੋਵੇਂ ਨੇਤਾਵਾਂ ਨੇ ਸੰਪਰਕ ਵਿੱਚ ਰਹਿਣ 'ਤੇ ਸਹਿਮਤੀ ਪ੍ਰਗਟ ਕੀਤੀ।

**ਨਵੀਂ ਦਿੱਲੀ**
**ਮਾਰਚ 20, 2024**